ਸ਼੍ਰੋਮਣੀ ਕਮੇਟੀ ਨੂੰ ਇਕ ਚੈਨਲ ਨੂੰ ਗੁਰਬਾਣੀ ਦਾ ਅਧਿਕਾਰ ਨਹੀਂ ਦੇਣਾ ਚਾਹੀਦਾ ਸਗੋਂ ਸਾਰੇ ਚੈਨਲਾਂ ਨੂੰ ਦੇਣਾ ਚਾਹੀਦੈ : ਕਰਨੈਲ ਸਿੰਘ ਪੰਜੋਲੀ

- ਕਿਹਾ, ਕੌਮ ਜਥੇਦਾਰ ਨੂੰ ਲੀਡਰ ਨਹੀਂ ਮੰਨਦੀ, ਜੇ ਜਥੇਦਾਰ ਨੂੰ ਕੌਮ ਨੇ ਚੁਣਿਆ ਹੁੰਦਾ ਤਾਂ ਫਿਰ ਅੱਜ ਕੌਮ ਦੀ ਇਹ ਦਸ਼ਾ ਨਾ ਹੁੰਦੀ
- ਦਰਬਾਰ ਸਾਹਿਬ ਤੋਂ ਗੁਰਬਾਣੀ ਪ੍ਰਸਾਰਨ ਦੀ ਮੰਗ ਅੱਜ ਤੋਂ ਨਹੀਂ ਉੱਠੀ, ਬਲਕਿ 1980 ਤੋਂ ਪਹਿਲਾਂ ਦੀ ਹੈ

ਅੰਮ੍ਰਿਤਸਰ (ਸੁਰਖਾਬ ਚੰਨ, ਗਗਨਦੀਪ ਕੌਰ) : ਦਰਬਾਰ ਸਾਹਿਬ ਤੋਂ ਗੁਰਬਾਣੀ ਪ੍ਰਸਾਰਨ ਨੂੰ ਲੈ ਕੇ ਕਈ ਤਰ੍ਹਾਂ ਦੇ ਵਿਵਾਦ ਉੱਠਣੇ ਸ਼ੁਰੂ ਹੋ ਗਏ ਹਨ ਕਿ ਗੁਰਬਾਣੀ ਦੇ ਪ੍ਰਸਾਰਨ ਦਾ ਅਧਿਕਾਰ ਇਕ ਚੈਨਲ ਨੂੰ ਕਿਉਂ ਹੈ, ਬਾਕੀ ਚੈਨਲਾਂ ਨੂੰ ਇਸ ਦਾ ਅਧਿਕਾਰ ਕਿਉਂ ਨਹੀਂ ਹੈ ਜਾਂ ਐਸਜੀਪੀਸੀ ਗੁਰਬਾਣੀ ਦੇ ਪ੍ਰਸਾਰਨ ਲਈ ਅਪਣਾ ਨਿਜੀ ਚੈਨਲ ਬਣਾਵੇ। ਇਸ ਸਬੰਧੀ ਰੋਜ਼ਾਨਾ ਸਪੋਕਸਮੈਨ ਨੇ ਐਸਜੀਪੀਸੀ ਮੈਂਬਰ ਕਰਨੈਲ ਸਿੰਘ ਪੰਜੋਲੀ ਨਾਲ ਗੱਲਬਾਤ ਕੀਤੀ। ਉਨ੍ਹਾਂ ਗਲਬਾਤ ਕਰਦਿਆਂ ਕਿਹਾ ਕਿ ਦਰਬਾਰ ਸਾਹਿਬ ਤੋਂ ਗੁਰਬਾਣੀ ਪ੍ਰਸਾਰਨ ਦੀ ਮੰਗ ਅੱਜ ਤੋਂ ਨਹੀਂ ਉਠੀ, ਬਲਕਿ 1980 ਤੋਂ ਪਹਿਲਾਂ ਦੀ ਹੈ। ਸਿੱਖ ਰੋਜ਼ੀ ਰੋਟੀ ਲਈ ਵਿਦੇਸ਼ਾਂ ਵਿਚ ਜਾ ਕੇ ਵੱਸ ਗਏ ਪਰ ਆਤਮਕ ਰੂਪ ਵਿਚ ਉਹ ਦਰਬਾਰ ਸਾਹਿਬ, ਗੁਰਬਾਣੀ ਨਾਲ ਹੀ ਜੁੜੇ ਹੋਏ ਸਨ। ਉਦੋਂ ਵਿਦੇਸ਼ਾਂ 'ਚ ਗੁਰਦੁਆਰੇ ਨਹੀਂ ਹੁੰਦੇ ਸਨ। ਸਿੱਖਾਂ ਦੀ ਇੱਛਾ ਸੀ ਕਿ ਸਾਨੂੰ ਹਰ ਰੋਜ਼ ਦਰਬਾਰ ਸਾਹਿਬ ਤੋਂ ਗੁਰਬਾਣੀ ਸੁਣਨ ਨੂੰ ਮਿਲ ਜਾਇਆ ਕਰੇ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਉਸ ਸਮੇਂ ਦੇ ਪ੍ਰਧਾਨ ਗੁਰਚਰਨ ਸਿੰਘ ਟੌਹੜਾ ਨੇ ਭਾਰਤ ਸਰਕਾਰ ਨੂੰ ਚਿੱਠੀ ਲਿਖੀ ਸੀ ਕਿ ਇਕ ਵੱਡਾ ਟਰਾਂਸਮਿਸ਼ਨ ਸ੍ਰੀ ਦਰਬਾਰ ਸਾਹਿਬ ਦੇ ਅੰਦਰ ਸਥਾਪਤ ਕੀਤਾ ਜਾਵੇ, ਜਿਸ ਨਾਲ ਦੇਸ਼ਾਂ ਵਿਦੇਸ਼ਾਂ 'ਚ ਵਸਦੀ ਸੰਗਤ ਗੁਰਬਾਣੀ ਦਾ ਸਰਵਣ ਕਰ ਸਕੇ ਪਰ ਉਸ ਸਮੇਂ ਇੰਦਰਾ ਗਾਂਧੀ ਬੜੀ ਜ਼ਿੱਦੀ ਸੀ, ਉਦੋਂ ਉਨ੍ਹਾਂ ਨੇ ਇਹ ਮੰਗ ਨਹੀਂ ਮੰਨੀ। ਫਿਰ ਧਰਮ ਮੋਰਚੇ ਦੀ ਮੰਗ ਦਰਮਿਆਨ ਸਿਆਸੀ ਮੰਗਾਂ ਦਰਮਿਆਨ ਇਹ ਧਾਰਮਕ ਮੰਗਾਂ ਸ਼ਾਮਲ ਕੀਤੀਆਂ ਗਈਆਂ। ਦਰਬਾਰ ਸਾਹਿਬ 'ਤੇ ਹਮਲੇ ਤੋਂ ਬਾਅਦ ਭਾਰਤ ਸਰਕਾਰ ਨੇ ਜਲੰਧਰ ਦੂਰਦਰਸ਼ਨ ਰੇਡੀਉ ਰਾਹੀਂ ਕੀਰਤਨ ਦਾ ਪ੍ਰਸਾਰਨ ਕਰਨਾ ਸ਼ੁਰੂ ਕਰ ਦਿਤਾ ਕਿਉਂਕਿ ਉਸ ਸਮੇਂ ਟੈਲੀਵਿਜ਼ਨ ਨਹੀਂ ਸਨ ਹੁੰਦੇ। ਜਦੋਂ ਟੈਲੀਵਿਜ਼ਨ ਆਏ, ਉਦੋਂ ਟੈਲੀਵਿਜ਼ਨ 'ਤੇ ਪ੍ਰਸਾਰਨ ਕਰਨਾ ਸ਼ੁਰੂ ਕਰ ਦਿਤਾ। ਜਿੰਨਾ ਸਮਾਂ ਗੁਰਚਰਨ ਸਿੰਘ ਟੌਹੜਾ ਜ਼ਿੰਦਾ ਰਹੇ ਜਲੰਧਰ ਦੂਰਦਰਸ਼ਨ ਤੋਂ ਗੁਰਬਾਣੀ ਦਾ ਪ੍ਰਸਾਰਨ ਹੁੰਦਾ ਰਿਹਾ। ਹੌਲੀ-ਹੌਲੀ ਨਿਜੀ ਚੈਨਲ ਆ ਗਿਆ ਫਿਰ ਉਸ 'ਤੇ ਗੁਰਬਾਣੀ ਦਾ ਪ੍ਰਸਾਰਨ ਹੋਣਾ ਸ਼ੁਰੂ ਹੋ ਗਿਆ। ਸੁਖਬੀਰ ਸਿੰਘ ਬਾਦਲ ਜਦੋਂ ਰਾਜਨੀਤੀ 'ਚ ਆਏ ਤਾਂ ਉਸ ਨੇ ਇਸ ਨੂੰ ਸੇਵਾ ਦੀ ਬਜਾਏ ਵਪਾਰਕ ਅਦਾਰਾ ਬਣਾ ਲਿਆ। ਉਨ੍ਹਾਂ ਨੇ ਹਰ ਸਿਸਟਮ 'ਚੋਂ ਲਭਿਆ ਕਿ ਪੈਸਾ ਕਿਵੇਂ ਇਕੱਠਾ ਕਰਨਾ ਹੈ ਤੇ ਉਨ੍ਹਾਂ ਪੈਸਿਆਂ ਨਾਲ ਰਾਜਨੀਤੀ ਕਿਵੇਂ ਚਲਾਈ ਜਾ ਸਕਦੀ ਹੈ। ਫਿਰ ਉਸ ਨੇ ਅਪਣਾ ਨਿਜੀ ਚੈਨਲ ਬਣਾਇਆ ਤੇ ਗੁਰਬਾਣੀ ਦਾ ਪ੍ਰਸਾਰਨ ਉਸ ਉਤੇ ਕਰਨਾ ਸ਼ੁਰੂ ਕਰ ਦਿਤਾ। ਜਦੋਂ ਸਿੱਖਾਂ ਨੂੰ ਹੌਲੀ-ਹੌਲੀ ਸਮਝ ਆਈ ਕਿ ਗੁਰਬਾਣੀ ਵੇਚੀ ਜਾ ਰਹੀ ਹੈ ਤਾਂ ਸਿੱਖਾਂ ਨੇ ਰੌਲਾ ਪਾਉਣਾ ਸ਼ੁਰੂ ਕਰ ਦਿਤਾ। ਕੈਪਟਨ ਦੀ ਸਰਕਾਰ ਨੇ ਵੀ ਕਿਹਾ ਸੀ ਕਿ ਗੁਰਬਾਣੀ ਦੇ ਪ੍ਰਸਾਰਨ

ਬਾਕੀ ਸਫ਼ਾ 8 'ਤੇ

ਐਸਜੀਪੀਸੀ ਨੂੰ ਟੈਂਡਰ ਮੰਗਣ ਦੀ ਲੋੜ ਨਹੀਂ, ਸਗੋਂ ਅਪਣਾ ਚੈਨਲ ਤਿਆਰ ਕਰਨ : ਬੀਬੀ ਜਗੀਰ ਕੌਰ

ਅੰਮ੍ਰਿਤਸਰ (ਨਵਜੋਤ ਸਿੰਘ/ਗਗਨਦੀਪ ਕੌਰ) : ਦਰਬਾਰ ਸਾਹਿਬ ਤੋਂ ਗੁਰਬਾਣੀ ਦੇ ਪ੍ਰਸਾਰਨ ਦਾ ਮੁੱਦਾ ਸੁਰਖ਼ੀਆਂ'ਚ ਬਣਿਆ ਹੋਇਆ ਹੈ। ਗੁਰਬਾਣੀ ਜਿਹੜੀ ਸਰਬੱਤ ਦੇ ਭਲੇ ਦੀ ਗੱਲ ਕਰਦੀ ਸਾਨੂੰ ਇਸ ਨੂੰ ਹਰ ਘਰ, ਦੁਨੀਆਂ ਤਕ ਪਹੁੰਚਾਉਣ ਲਈ ਇਸ ਦਾ ਘੇਰਾ ਵੱਡਾ ਕਰਨਾ ਪਵੇਗਾ। ਅਕਾਲ ਤਖ਼ਤ ਦੇ ਜਥੇਦਾਰ ਨੇ ਵੀ ਕਿਹਾ ਸੀ ਕਿ ਸ਼੍ਰੋਮਣੀ ਕਮੇਟੀ ਅਪਣਾ ਚੈਨਲ ਬਣਾਵੇਗੀ ਪਰ ਇਨ੍ਹਾਂ ਗੱਲਾਂ ਨੂੰ ਵੀ ਕਾਫੀ ਸਮਾਂ ਹੋ ਗਿਆ ਹਜੇ ਤਕ ਚੈਨਲ ਨਹੀਂ ਬਣਿਆ। ਇਸ ਬਾਰੇ ਵਿਚਾਰ ਚਰਚਾ ਕਰਨ ਲਈ ਰੋਜ਼ਾਨਾ ਸਪੋਕਸਮੈਨ ਨੇ ਬੀਬੀ ਜਗੀਰ ਕੌਰ ਨਾਲ ਗਲਬਾਤ ਕੀਤੀ। ਬੀਬੀ ਜਗੀਰ ਕੌਰ ਨੇ ਕਿਹਾ ਕਿ ਦਰਬਾਰ ਸਾਹਿਬ ਸਾਰੀ ਦੁਨੀਆਂ ਦਾ ਆਸਥਾ ਦਾ ਕੇਂਦਰ ਹੈ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਕੋਈ ਆਮ ਕਮੇਟੀ ਨਹੀਂ ਹੈ ਸਗੋਂ ਸਾਰੇ ਸਿੱਖਾਂ ਦੀਆਂ

ਬਾਕੀ ਸਫ਼ਾ 8 'ਤੇ

ਕੁਲਦੀਪ ਸਿੰਘ ਧਾਲੀਵਾਲ ਨੇ 264 ਕਰੋੜ ਰੁਪਏ ਦੀ 176 ਏਕੜ ਸਰਕਾਰੀ ਪੰਚਾਇਤੀ ਜ਼ਮੀਨ ਛੁਡਵਾਈ

- ਮੁੱਖ ਮੰਤਰੀ ਭਗਵੰਤ ਮਾਨ ਦੇ ਨਿਰਦੇਸ਼ਾਂ ਮੁਤਾਬਕ ਸਰਕਾਰੀ ਜ਼ਮੀਨਾਂ ਨਾਜਾਇਜ਼ ਕਬਜ਼ਿਆਂ ਤੋਂ ਮੁਕਤ ਕਰਵਾਉਣ ਲਈ ਪੰਜਾਬ ਸਰਕਾਰ ਵਚਨਬੱਧ

ਚੰਡੀਗੜ੍ਹ, 24 ਮਈ (ਭੁੱਲਰ) : ਪੰਜਾਬ ਦੇ ਪੇਂਡੂ ਵਿਕਾਸ ਤੇ ਪੰਚਾਇਤ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਅੱਜ ਮੋਹਾਲੀ ਜ਼ਿਲ੍ਹੇ ਦੇ ਮਾਜਰੀ ਬਲਾਕ ਦੇ ਪਿੰਡ ਫ਼ਤਹਿਗੜ੍ਹ ਦੀ 176 ਏਕੜ ਪੰਚਾਇਤੀ ਜ਼ਮੀਨ ਨਾਜਾਇਜ਼ ਕਬਜ਼ੇ ਤੋਂ ਮੁਕਤ ਕਰਵਾਈ ਹੈ। ਇਸ ਜ਼ਮੀਨ ਦੀ ਬਾਜ਼ਾਰੀ ਕੀਮਤ 264 ਕਰੋੜ ਰੁਪਏ ਬਣਦੀ ਹੈ। ਇਸ ਜ਼ਮੀਨ ਉਤੇ 9 ਲੋਕਾਂ ਨੇ ਕਬਜ਼ਾ ਕੀਤਾ ਹੋਇਆ ਸੀ।

ਉਨ੍ਹਾਂ ਕਿਹਾ ਕਿ ਸਰਕਾਰੀ ਪੰਚਾਇਤੀ ਜ਼ਮੀਨਾਂ 'ਤੇ ਜਿਨ੍ਹਾਂ ਲੋਕਾਂ ਨੇ ਨਾਜਾਇਜ਼ ਕਬਜ਼ਾ ਕੀਤਾ ਹੋਇਆ ਹੈ, ਉਹ ਹਾਲੇ ਵੀ 31 ਮਈ ਤਕ ਖ਼ੁਦ ਜ਼ਮੀਨ ਤੋਂ ਅਪਣਾ ਕਬਜ਼ਾ ਛੱਡ ਸਕਦੇ ਹਨ, ਅਜਿਹੇ ਲੋਕਾਂ ਵਿਰੁਧ ਕੋਈ ਕਾਨੂੰਨੀ ਕਾਰਵਾਈ ਨਹੀਂ ਕੀਤੀ ਜਾਵੇਗੀ।

ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਪਹਿਲਾਂ ਹੀ ਆਖ ਚੁੱਕੇ ਹਨ ਕਿ ਨਾਜਾਇਜ਼ ਕਬਜ਼ਿਆਂ ਤੋਂ ਜ਼ਮੀਨਾਂ ਨੂੰ ਮੁਕਤ ਕਰਵਾਉਣ ਲਈ ਸੂਬਾ ਸਰਕਾਰ ਪੂਰੀ ਤਰ੍ਹਾਂ ਵਚਨਬਧ ਹੈ ਅਤੇ ਜਿਨ੍ਹਾਂ ਰਸੂਖਵਾਨ ਲੋਕਾਂ ਨੇ ਨਿਯਮਾਂ ਨੂੰ ਛਿੱਕੇ ਟੰਗ ਕੇ ਮਹਿੰਗੀਆਂ ਸਰਕਾਰੀ ਜ਼ਮੀਨਾਂ 'ਤੇ ਨਾਜਾਇਜ਼ ਕਬਜ਼ੇ ਕੀਤੇ ਹਨ, ਉਨ੍ਹਾਂ ਨੂੰ ਬਖ਼ਸ਼ਿਆ ਨਹੀਂ ਜਾਵੇਗਾ।

ਦੂਜੇ ਪੜਾਅ ਵਿਚ ਹੁਣ ਤਕ 761 ਏਕੜ ਸਰਕਾਰੀ ਜ਼ਮੀਨ ਕਬਜ਼ਾ ਮੁਕਤ ਕਰਵਾਈ ਜਾ ਚੁੱਕੀ ਹੈ। ਉਨ੍ਹਾਂ ਦਸਿਆ ਕਿ 10 ਜੂਨ ਤੱਕ 6000 ਏਕੜ ਜ਼ਮੀਨ ਖਾਲੀ ਕਰਵਾਉਣ ਦਾ ਟੀਚਾ ਹੈ। ਧਾਲੀਵਾਲ ਨੇ ਕਿਹਾ ਕਿ ਪਿਛਲੇ ਸਾਲ ਵੀ 9030 ਏਕੜ ਜ਼ਮੀਨ ਕਬਜ਼ਾ ਮੁਕਤ ਕਰਵਾਈ ਗਈ ਸੀ ਜਿਸ ਦੀ ਔਸਤਨ ਬਾਜ਼ਾਰੀ ਕੀਮਤ 2709 ਕਰੋੜ ਰੁਪਏ ਦੇ ਕਰੀਬ ਬਣਦੀ ਹੈ।

ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਖ਼ੁਦ ਅੱਗੇ ਆ ਕੇ ਸਰਕਾਰੀ ਜ਼ਮੀਨ ਤੋਂ ਨਾਜਾਇਜ਼ ਕਬਜ਼ੇ ਛੱਡੇ ਜਾਣ ਤਾਂ ਜੋ ਇਸ ਜ਼ਮੀਨ ਤੋਂ ਇਕੱਠਾ ਹੁੰਦਾ ਮਾਲੀਆ ਪੰਜਾਬ ਦੀ ਭਲਾਈ ਲਈ ਵਰਤਿਆਂ ਜਾ ਸਕੇ। ਉਨ੍ਹਾਂ ਕਿਹਾ ਕਿ ਇਹ ਜ਼ਮੀਨ ਕਿਸੇ ਦੀ ਜੱਦੀ ਜਾਇਦਾਦ ਨਹੀਂ ਹੈ ਬਲਕਿ ਇਹ ਸਾਰੇ ਪੰਜਾਬ ਦੀ ਸਾਂਝੀ ਜ਼ਮੀਨ ਹੈ ਅਤੇ ਇਸ ਜ਼ਮੀਨ ਤੋਂ ਹੁੰਦੀ ਆਮਦਨ ਸਾਰੇ ਸੂਬਾ ਵਾਸੀਆਂ ਲਈ ਖਰਚ ਕੀਤੀ ਜਾਣੀ ਹੈ। ਧਾਲੀਵਾਲ ਨੇ ਕਿਹਾ ਕਿ ਪਿਛਲੇ ਸਾਲ ਵੀ ਮੁੱਖ ਮੰਤਰੀ ਭਗਵੰਤ ਮਾਨ ਦੀ ਅਪੀਲ ਉਤੇ 3396 ਏਕੜ ਜ਼ਮੀਨ ਲੋਕਾਂ ਨੇ ਖ਼ੁਦ ਛੱਡ ਦਿਤੀ ਸੀ।

ਉਨ੍ਹਾਂ ਸਭਨਾਂ ਨੂੰ ਇਹ ਬੇਨਤੀ ਵੀ ਕੀਤੀ ਹੈ ਕਿ ਪੰਜਾਬ ਦੀ ਭਲਾਈ ਲਈ ਅਤੇ ਸੂਬੇ ਨੂੰ ਰੰਗਲਾ ਪੰਜਾਬ ਬਣਾਉਣ ਲਈ ਨਾਜਾਇਜ਼ ਕਬਜ਼ਾਕਾਰ ਖੁਦ ਅੱਗੇ ਆ ਕੇ ਇਹ ਜ਼ਮੀਨਾਂ ਪੰਜਾਬ ਸਰਕਾਰ ਦੇ ਹਵਾਲੇ ਕਰਨ।

ਇਕ ਨਜ਼ਰ....

ਉੱਘੇ ਪੰਜਾਬੀ ਲੇਖਕ ਅਤੇ ਪੱਤਰਕਾਰ ਪ੍ਰੋ. ਪਿਆਰਾ ਸਿੰਘ ਭੋਗਲ ਦਾ ਦਿਹਾਂਤ

ਜਲੰਧਰ, 24 ਮਈ (ਰਵਿੰਦਰ ਕੌਰ) : ਪੰਜਾਬ ਦੇ ਸਾਹਿਤਕ ਤੇ ਪੱਤਰਕਾਰੀ ਹਲਕਿਆਂ ਵਿਚ ਇਹ ਖ਼ਬਰ ਬੇਹੱਦ ਦੁਖ ਨਾਲ ਪੜੀ ਜਾਏਗੀ ਕਿ ਉੱਘੇ ਪੰਜਾਬੀ ਲੇਖਕ ਅਤੇ ਪੱਤਰਕਾਰ ਪ੍ਰੋ. ਪਿਆਰਾ ਸਿੰਘ ਭੋਗਲ ਹੁਣ ਇਸ ਦੁਨੀਆ ਵਿਚ ਨਹੀਂ ਰਹੇ। ਉਨ੍ਹਾਂ ਦਾ ਬੀਤੀ ਰਾਤ 12 ਵਜੇ 92 ਸਾਲ ਦੀ ਉਮਰ ਵਿਚ ਜਲੰਧਰ ਦੇ ਇਕ ਸਥਾਨਕ ਹਸਪਤਾਲ ਵਿਚ ਦਿਹਾਂਤ ਹੋ ਗਿਆ। ਪਿਛਲੇ ਕੁਝ ਸਮੇਂ ਤੋਂ ਉਨ੍ਹਾਂ ਦੀ ਸਿਹਤ ਠੀਕ ਨਹੀਂ ਸੀ। ਹਸਪਤਾਲ ਦੇ ਸੂਤਰਾਂ ਅਨੁਸਾਰ ਉਨ੍ਹਾਂ ਦੀ ਮੌਤ ਕੋਰੋਨਾ ਕਾਰਨ ਹੋਈ ਹੈ। ਉਨ੍ਹਾਂ ਦਾ ਅੰਤਿਮ ਸਸਕਾਰ 25 ਮਈ ਵੀਰਵਾਰ ਨੂੰ ਸ਼ਾਮ 5 ਵਜੇ ਮਾਡਲ ਟਾਊਨ ਦੇ ਸ਼ਮਸ਼ਾਨ ਘਾਟ ਵਿਚ ਹੋਵੇਗਾ। ਉਨ੍ਹਾਂ ਦੇ ਸਪੁੱਤਰਾਂ ਪ੍ਰੋ. ਹਿਰਦੇਜੀਤ ਸਿੰਘ ਅਤੇ ਪ੍ਰੇਮ ਪਾਲ ਸਿੰਘ ਵਲੋਂ ਇਹ ਜਾਣਕਾਰੀ ਦਿੱਤੀ ਗਈ ਹੈ, ਕਿ ਕਿਉਂਕਿ ਉਨ੍ਹਾਂ ਦਾ ਦਿਹਾਂਤ ਕੋਰੋਨਾ ਕਾਰਨ ਹੋਇਆ ਹੈ ਅਤੇ ਕੋਰੋਨਾ ਦੇ ਪ੍ਰੋਟੋਕੋਲ ਅਨੁਸਾਰ ਹੀ ਉਨ੍ਹਾਂ ਦੇ ਸਸਕਾਰ ਵਿਚ ਸਿਰਫ਼ ਪਰਿਵਾਰਿਕ ਮੈਂਬਰ ਹੀ ਸ਼ਾਮਿਲ ਹੋਣਗੇ। ਉਨ੍ਹਾਂ ਦਾ ਜਨਮ 14 ਅਗਸਤ, 1931 ਨੂੰ ਨਾਨਕੇ ਪਿੰਡ ਪਲਾਹੀ ਵਿਖੇ ਹੋਇਆ ਸੀ। ਉਨ੍ਹਾਂ ਨੇ ਮੁੱਢਲੀ ਸਿੱਖਿਆ ਆਪਣੇ ਨਾਨਕੇ ਪਿੰਡ ਪਲਾਹੀ (ਨੇੜੇ ਫਗਵਾੜਾ) ਦੇ ਖ਼ਾਲਸਾ ਐਂਗਲੋ ਵਰਨੈਕੂਲਰ ਸਕੂਲ ਪਲਾਹੀ ਵਿਚ ਹਾਸਲ ਕੀਤੀ। ਦਸਵੀਂ ਤੱਕ ਦੀ ਸਿੱਖਿਆ ਉਨ੍ਹਾਂ ਨੇ ਰਾਮਗੜੀਆ ਹਾਈ ਸਕੂਲ ਫਗਵਾੜਾ ਤੋਂ ਹਾਸਲ ਕੀਤੀ। ਇਸੇ ਸਮੇਂ ਦੌਰਾਨ ਉਹ ਪੱਤਰਕਾਰੀ ਦੇ ਖੇਤਰ ਵਿਚ ਦਾਖਲ ਹੋ ਗਏ।

ਵਿਰੋਧੀ ਪਾਰਟੀਆਂ ਤੋਂ ਕਿਨਾਰਾ ਕਰ ਕੇ ਸੰਸਦ ਭਵਨ ਉਦਘਾਟਨ 'ਚ ਸ਼ਾਮਲ ਹੋਏਗਾ ਅਕਾਲੀ ਦਲ

ਚੰਡੀਗੜ੍ਹ, 24 ਮਈ (ਭੁੱਲਰ) : ਸ਼੍ਰੋਮਣੀ ਅਕਾਲੀ ਦਲ ਨੇ ਵਿਰੋਧੀ ਪਾਰਟੀਆਂ ਨਾਲ ਏਕਤਾ ਤੋਂ ਕਿਨਾਰਾ ਕਰਦਿਆਂ ਸੰਸਦ ਭਵਨ ਦੇ ਉਦਘਾਟਨ ਸਮਾਰੋਹ 'ਚ ਸ਼ਾਮਲ ਹੋਣ ਦਾ ਫੈਸਲਾ ਕੀਤਾ ਹੈ। ਦਲ ਦੇ ਪ੍ਰਧਾਨ ਸਰਦਾਰ ਸੁਖਬੀਰ ਸਿੰਘ ਬਾਦਲ 28 ਮਈ ਨੂੰ ਨਵੇਂ ਸੰਸਦ ਭਵਨ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਕੀਤੇ ਜਾਣ ਵਾਲੇ ਉਦਘਾਟਨ ਦੇ ਸਮਾਗਮ ਵਿਚ ਸ਼ਾਮਲ ਹੋਣਗੇ। ਇਸ ਗੱਲ ਦੀ ਜਾਣਕਾਰੀ ਦਿੰਦਿਆਂ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਡਾ. ਦਲਜੀਤ ਸਿੰਘ ਚੀਮਾ ਨੇ ਦੱਸਿਆ ਕਿ ਨਵੇਂ ਸੰਸਦ ਭਵਨ ਦਾ ਉਦਘਾਟਨ ਸਾਡੇ ਲਈ ਮਾਣ ਵਾਲਾ ਮੌਕਾ ਹੈ ਤੇ ਇਸ ਮੌਕੇ ਦਾ ਸਿਆਸੀਕਰਨ ਨਹੀਂ ਹੋਣਾ ਚਾਹੀਦਾ। ਡਾ. ਚੀਮਾ ਨੇ ਕਿਹਾ ਕਿ ਇਸੇ ਤਰੀਕੇ ਲੋਕ ਜਾਣਦੇ ਹਨ ਕਿ ਕਾਂਗਰਸ ਪਾਰਟੀ ਸੰਵਿਧਾਨ ਦਾ ਕਿੰਨਾ ਸਤਿਕਾਰ ਕਰਦੀ ਹੈ ਜਿਸਨੇ ਦੇਸ਼ ਵਿਚ ਐਮਰਜੰਸੀ ਲਗਾਈ ਅਤੇ ਲੋਕਾਂ ਦੇ ਅਧਿਕਾਰ ਕੁਚਲੇ। ਉਹਨਾਂ ਕਿਹਾ ਕਿ ਕਾਂਗਰਸ ਪਾਰਟੀ ਨੇ ਰਾਸ਼ਟਰਪਤੀ ਜ਼ੈਲ ਸਿੰਘ ਦਾ ਕਿੰਨਾ ਸਤਿਕਾਰ ਕੀਤਾ, ਇਹ ਵੀ ਸਭ ਦੇ ਸਾਹਮਣੇ ਹੈ।

ਲਤੀਫ਼ਪੁਰਾ ਦੇ ਬੇਘਰ ਹੋਏ ਪ੍ਰਵਾਰਾਂ ਨੂੰ ਮਰਜ਼ੀ ਅਨੁਸਾਰ ਫ਼ਲੈਟ ਜਾਂ ਪਲਾਟ ਵਿਚ ਕਿਸੇ ਇਕ ਦੀ ਚੋਣ ਕਰਨ ਦੀ ਮਿਲੇਗੀ ਛੋਟ

ਮੁੜ ਵਸੇਬਾ ਸਕੀਮ ਤਹਿਤ ਅਰਜ਼ੀਆਂ ਦੇਣ ਦੀ ਮਿਤੀ ਵਿਚ 15 ਦਿਨਾਂ ਦਾ ਹੋਰ ਵਾਧਾ

.ਫਾਈਲ ਫੋਟੋ

ਜਲੰਧਰ, 24 ਮਈ (ਰਵਿੰਦਰ ਕੌਰ) : ਜਲੰਧਰ ਦੇ ਲਤੀਫ਼ਪੁਰਾ ਵਿਖੇ ਪਿਛਲੇ ਸਾਲ ਹਟਾਏ ਨਾਜਾਇਜ਼ ਕਬਜ਼ਿਆਂ ਕਾਰਨ ਬੇਘਰ ਹੋਏ ਲੋਕਾਂ ਲਈ ਮਾਨ ਸਰਕਾਰ ਦੇ ਹੁਕਮਾਂ 'ਤੇ ਮੁੜ ਵਸੇਬਾ ਸਕੀਮ ਅਨੁਸਾਰ ਅਰਜ਼ੀਆਂ ਦੀ ਮੰਗ ਕੀਤੀ ਗਈ ਹੈ ਅਤੇ ਸਕੀਮ ਮੁਤਾਬਕ ਬਿਨੈਕਾਰ ਨੂੰ ਅਪਣੀ ਮਰਜ਼ੀ ਅਨੁਸਾਰ ਫ਼ਲੈਟ ਜਾਂ ਪਲਾਟ ਵਿਚੋਂ ਕਿਸੇ ਇਕ ਦੀ ਚੋਣ ਕਰਨ ਦੀ ਖੁਲ੍ਹ ਵੀ ਦਿਤੀ ਜਾ ਰਹੀ ਹੈ। ਜਲੰਧਰ ਇੰਮਪਰੂਵਮੈਂਟ ਟਰੱਸਟ ਦੇ ਚੇਅਰਮੈਨ ਜਗਤਾਰ ਸਿੰਘ ਸੰਘੇੜਾ ਨੇ ਬੁਧਵਾਰ ਨੂੰ ਜਾਣਕਾਰੀ ਦਿੰਦੇ ਹੋਏ ਦਸਿਆ ਕਿ ਮਾਣਯੋਗ ਮੁੱਖ ਮੰਤਰੀ ਭਗਵੰਤ ਮਾਨ ਦੇ ਹੁਕਮਾਂ ਅਨੁਸਾਰ ਮੁਹੱਲਾ ਲਤੀਫ਼ਪੁਰਾ ਦੀ ਸੋਧੀ ਹੋਈ ਮੁੜ-ਵਸੇਬਾ ਸਕੀਮ ਤਹਿਤ ਅਰਜ਼ੀਆਂ ਦੇਣ ਦੀ ਮਿਤੀ ਵਿਚ 15 ਦਿਨਾਂ ਦਾ ਹੋਰ ਵਾਧਾ ਕੀਤਾ ਗਿਆ ਹੈ। ਉਨ੍ਹਾਂ ਦਸਿਆ ਕਿ ਇਸ ਮੁੜ ਵਸੇਬਾ ਸਕੀਮ ਨੂੰ ਹੋਰ ਲਾਹੇਵੰਦ ਬਣਾਉਣ ਲਈ ਮੁੱਖ ਮੰਤਰੀ ਮਾਨ ਦੀਆਂ ਹਦਾਇਤਾਂ ਅਨੁਸਾਰ ਲਾਭਪਾਤਰੀਆਂ ਨੂੰ ਬੀਬੀ ਭਾਨੀ ਕੰਪਲੈਕਸ ਵਿਚ ਫ਼ਲੈਟ ਲੈਣ ਜਾਂ ਸੂਰਿਆ ਇਨਕਲੇਵ ਐਕਸਟੈਨਸ਼ਨ ਵਿਚ ਪਲਾਟ ਵਿਚੋਂ ਕਿਸੇ ਇਕ ਦੀ ਚੋਣ ਕਰਨ ਦੀ ਖੁਲ੍ਹ ਵੀ ਦਿਤੀ ਜਾ ਰਹੀ ਹੈ। ਇਸ ਸਕੀਮ ਦਾ ਲਾਭ ਲੈਣ ਲਈ ਬਿਨੈਕਾਰ ਨੂੰ ਬੇਨਤੀ ਪੱਤਰ ਦੇ ਨਾਲ ਮੁਹੱਲਾ ਲਤੀਫ਼ਪੁਰਾ ਵਿਖੇ ਰਿਹਾਇਸ਼ ਦੇ ਸਬੂਤ ਦੇ ਤੌਰ 'ਤੇ

ਬਾਕੀ ਸਫ਼ਾ 8 'ਤੇ

ਸਿਵਲ ਸਰਵਿਸਿਜ਼ ਪ੍ਰੀਖਿਆ: ਸੰਗਰੂਰ ਦੀ ਕ੍ਰਿਤੀਕਾ ਗੋਇਲ ਨੇ ਹਾਸਲ ਕੀਤਾ 14ਵਾਂ ਰੈਂਕ